ਧਨਾਸਰੀ ਮਃ ੫ ॥ ਲਵੈ ਨ ਲਾਗਨ ਕਉ ਹੈ ਕਛੂਐ ਜਾ ਕਉ ਫਿਰਿ ਇਹੁ ਧਾਵੈ ॥ ਜਾ ਕਉ ਗੁਰਿ ਦੀਨੋ ਇਹੁ ਅੰਮ੍ਰਿਤੁ ਤਿਸ ਹੀ ਕਉ ਬਨਿ ਆਵੈ ॥ ੧॥ ਜਾ ਕਉ ਆਇਓ ਏਕੁ ਰਸਾ ॥ ਖਾਨ ਪਾਨ ਆਨ ਨਹੀ ਖੁਧਿਆ ਤਾ ਕੈ ਚਿਤਿ ਨ ਬਸਾ ॥ ਰਹਾਉ ॥ ਮਉਲਿਓ ਮਨੁ ਤਨੁ ਹੋਇਓ ਹਰਿਆ ਏਕ ਬੂੰਦ ਜਿਨਿ ਪਾਈ ॥ ਬਰਨਿ ਨ ਸਾਕਉ ਉਸਤਤਿ ਤਾ ਕੀ ਕੀਮਤਿ ਕਹਣੁ ਨ ਜਾਈ ॥ ੨॥ ਘਾਲ ਨ ਮਿਲਿਓ ਸੇਵ ਨ ਮਿਲਿਓ ਮਿਲਿਓ ਆਇ ਅਚਿੰਤਾ ॥ ਜਾ ਕਉ ਦਇਆ ਕਰੀ ਮੇਰੈ ਠਾਕੁਰਿ ਤਿਨਿ ਗੁਰਹਿ ਕਮਾਨੋ ਮੰਤਾ ॥੩॥ ਦੀਨ ਦੈਆਲ ਸਦਾ ਕਿਰਪਾਲਾ ਸਰਬ ਜੀਆ ਪ੍ਰਤਿਪਾਲਾ ॥ ਓਤਿ ਪੋਤਿ ਨਾਨਕ ਸੰਗਿ ਰਵਿਆ ਜਿਉ ਮਾਤਾ ਬਾਲ ਗੋੁਪਾਲਾ ॥੪॥੭॥ {ਪੰਨਾ 672}

ਪਦਅਰਥ:- ਲਵੈ ਨ—ਨੇੜੇ ਨਹੀਂ ਪਹੁੰਚ ਸਕਦੀ। ਕਛੂਐ—ਕੋਈ ਭੀ ਚੀਜ਼। ਜਾ ਕਉ—ਜਿਸ ਦੀ ਖ਼ਾਤਰ। ਫਿਰਿ—ਮੁੜ ਮੁੜ। ਧਾਵੈ—ਦੌੜਦਾ ਹੈ। ਗੁਰਿ—ਗੁਰੂ ਨੇ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਤਿਸ ਹੀ ਕਉ—{ਲਫ਼ਜ਼ 'ਤਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ}। ਬਨਿ ਆਵੈ—ਸੋਭਦਾ ਹੈ।1।

ਖੁਧਿਆ—ਭੁੱਖ। ਆਨ—ਕੋਈ ਹੋਰ। ਤਾ ਕੈ ਚਿਤਿ—ਉਸ ਦੇ ਚਿੱਤ ਵਿਚ। ਰਹਾਉ।

ਮਉਲਿਓ—ਖਿੜ ਪਿਆ। ਜਿਨਿ—ਜਿਸ (ਮਨੁੱਖ) ਨੇ। ਬਰਨਿ ਨ ਸਾਕਉ—{ਸਾਕਉਂ} ਮੈਂ ਬਿਆਨ ਨਹੀਂ ਕਰ ਸਕਦਾ। ਤਾ ਕੀ—ਉਸ (ਮਨੁੱਖ) ਦੀ।2।

ਘਾਲ—ਮੇਹਨਤ। ਅਚਿੰਤਾ—ਉਸ ਦੇ ਚਿਤ-ਚੇਤੇ ਤੋਂ ਬਾਹਰਾ ਹੀ। ਠਾਕੁਰਿ—ਠਾਕੁਰ ਨੇ। ਤਿਨਿ—ਉਸ (ਮਨੁੱਖ) ਨੇ। ਗੁਰਹਿ ਮੰਤਾ—ਗੁਰੂ ਦਾ ਹੀ ਉਪਦੇਸ਼।3।

ਓਤਿ ਪੋਤਿ—ਤਾਣੇ ਪੇਟੇ ਵਾਂਗ। ਓਤ—ਉਣਿਆ ਹੋਇਆ। ਪੋਤ—ਪ੍ਰੋਤਾ ਹੋਇਆ। ਸੰਗਿ—ਨਾਲ। ਗੋੁਪਾਲਾ—{ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲਾ' ਪੜ੍ਹਨਾ ਹੈ} ਪਰਮਾਤਮਾ।4।

ਅਰਥ:- ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆ ਗਿਆ, ਉਸ ਨੂੰ ਖਾਣ-ਪੀਣ ਆਦਿਕ ਦੀ ਕੋਈ ਹੋਰ ਭੁੱਖ ਨਹੀਂ ਰਹਿੰਦੀ, ਕੋਈ ਹੋਰ ਭੁੱਖ ਉਸ ਦੇ ਚਿੱਤ ਵਿਚ ਨਹੀਂ ਟਿਕ ਸਕਦੀ। ਰਹਾਉ।

ਹੇ ਭਾਈ! ਇਹ ਮਨੁੱਖ ਜਿਸ ਜਿਸ ਮਾਇਕ ਪਦਾਰਥ ਦੀ ਖ਼ਾਤਰ ਭਟਕਦਾ ਫਿਰਦਾ ਹੈ, ਉਹਨਾਂ ਵਿਚੋਂ ਕੋਈ ਭੀ ਚੀਜ਼ (ਪਰਮਾਤਮਾ ਦੇ ਨਾਮ-ਅੰਮ੍ਰਿਤ ਦੀ) ਬਰਾਬਰੀ ਨਹੀਂ ਕਰ ਸਕਦੀ। ਗੁਰੂ ਨੇ ਜਿਸ ਮਨੁੱਖ ਨੂੰ ਇਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਦੇ ਦਿੱਤਾ, ਉਸ ਨੂੰ ਹੀ ਇਸ ਦੀ ਕਦਰ ਦੀ ਸਮਝ ਪੈਂਦੀ ਹੈ।1।

ਹੇ ਭਾਈ! ਜਿਸ ਮਨੁੱਖ ਨੇ (ਨਾਮ-ਜਲ ਦੀ) ਸਿਰਫ਼ ਇਕ ਬੂੰਦ ਹੀ ਹਾਸਲ ਕਰ ਲਈ, ਉਸ ਦਾ ਮਨ ਖਿੜ ਪੈਂਦਾ ਹੈ ਉਸ ਦਾ ਸਰੀਰ (ਆਤਮਕ ਜਲ ਨਾਲ) ਹਰਾ ਹੋ ਆਉਂਦਾ ਹੈ। ਹੇ ਭਾਈ! ਮੈਂ ਉਸ ਮਨੁੱਖ ਦੀ ਵਡਿਆਈ ਬਿਆਨ ਨਹੀਂ ਕਰ ਸਕਦਾ, ਉਸ ਮਨੁੱਖ (ਦੇ ਆਤਮਕ ਜੀਵਨ) ਦੀ ਕੀਮਤ ਨਹੀਂ ਦੱਸੀ ਜਾ ਸਕਦੀ।2।

ਹੇ ਭਾਈ! ਇਹ ਨਾਮ-ਰਸ (ਆਪਣੀ ਕਿਸੇ) ਮੇਹਨਤ ਨਾਲ ਨਹੀਂ ਮਿਲਦਾ, ਆਪਣੀ ਕਿਸੇ ਸੇਵਾ ਦੇ ਬਲ ਨਾਲ ਨਹੀਂ ਮਿਲਦਾ। ਪਿਆਰੇ ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਕੀਤੀ, ਉਸ ਮਨੁੱਖ ਨੇ ਗੁਰੂ ਦੇ ਉਪਦੇਸ਼ ਉਤੇ ਅਮਲ ਕੀਤਾ, ਤੇ, ਉਸ ਨੂੰ ਉਸ ਦੇ ਚਿਤ-ਚੇਤੇ ਤੋਂ ਬਾਹਰਾ ਹੀ ਪ੍ਰਾਪਤ ਹੋ ਗਿਆ।3।

ਹੇ ਨਾਨਕ! ਪਰਮਾਤਮਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਸਦਾ ਹੀ ਮੇਹਰਬਾਨ ਰਹਿੰਦਾ ਹੈ, ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ। ਜਿਵੇਂ ਮਾਂ ਆਪਣੇ ਬੱਚੇ ਨੂੰ ਸਦਾ ਆਪਣੇ ਚਿੱਤ ਵਿਚ ਟਿਕਾ ਰੱਖਦੀ ਹੈ, ਇਸੇ ਤਰ੍ਹਾਂ ਉਹ ਗੋਪਾਲ-ਪ੍ਰਭੂ ਤਾਣੇ ਪੇਟੇ ਵਾਂਗ ਉਸ ਮਨੁੱਖ ਦੇ ਨਾਲ ਮਿਲਿਆ ਰਹਿੰਦਾ ਹੈ (ਜਿਸ ਨੂੰ ਹਰਿ-ਨਾਮ ਦਾ ਸੁਆਦ ਆ

ਜਾਂਦਾ ਹੈ)।4।7।